ਦਫ਼ਤਰ ਜ਼ਿਲਾ ਲੋਕ ਸੰਪਰਕ ਅਫ਼ਸਰ, ਅੰਮ੍ਰਿਤਸਰ

**ਫਿੱਕੀ ਫਲੋਅ ਵੱਲੋਂ ਕੋਵਿਡ 19 ਦੌਰਾਨ ਕੀਤੇ ਜਾ ਰਹੇ ਪ੍ਰਬੰਧਾਂ ਲਈ ਕੀਤਾ ਓ ਪੀ ਸੋਨੀ ਦਾ ਧੰਨਵਾਦ**

**ਹਸਪਤਾਲ ਵਿਚ ਮਰੀਜਾਂ ਦੀ ਸਾਂਭ-ਸੰਭਾਲ ਅਤੇ ਲੋੜਵੰਦਾਂ ਦੀ ਸਾਰ ਲੈਣ ਦੀ ਕੀਤੀ ਤਾਰੀਫ਼**

ਅੰਮ੍ਰਿਤਸਰ, 19 ਅਪ੍ਰੈਲ ( )-

ਫੈਡਰੇਸ਼ਨ ਆਫ ਇੰਡੀਅਨ ਚੈਂਬਰ ਆਫ ਕਮਰਸ ਐਂਡ ਇੰਡਸਟਰੀ (ਫ਼ਿਕੀ) ਦੇ ਮਹਿਲਾ ਉਦਦੀਆਂ ਦੀ ਸੰਸਥਾ 'ਫਿਕੀ ਫਲੋਅ' ਨੇ ਕੋਵਿਡ 19 ਦੌਰਾਨ ਸੂਬੇ ਭਰ ਵਿਚ ਕਰਫਿਊ ਦੌਰਾਨ ਪੰਜਾਬ ਸਰਕਾਰ ਵੱਲੋਂ ਲੋੜਵੰਦ ਲੋਕਾਂ ਦੀ ਮਦਦ ਲਈ ਕੀਤੀਆਂ ਜਾ ਰਹੀਆਂ ਪਹਿਲ ਕਦਮੀਆਂ ਦੀ ਸਰਾਹਨਾ ਕਰਦੇ ਕਿਹਾ ਹੈ ਕਿ ਸਰਕਾਰ ਜਿੱਥੇ ਲੋਕਾਂ ਨੂੰ ਸਿਹਤ ਸੁਰੱਖਿਆ ਲਈ ਘਰਾਂ ਵਿਚ ਰੱਖਣ ਲਈ ਮਿਹਨਤ ਕਰ ਰਹੀ ਹੈ, ਉਥੇ ਘਰਾਂ ਵਿਚ ਬੈਠੇ ਲੋੜਵੰਦ ਲੋਕਾਂ ਦੀਆਂ ਲੋੜਾਂ ਪੂਰੀਆਂ ਕਰਨ ਲਈ ਅਧਿਕਾਰੀ ਦਿਨ-ਰਾਤ ਕੰਮ ਕਰ ਰਹੇ ਹਨ। ਸੰਸਥਾ ਦੇ ਪ੍ਰਧਾਨ ਸ੍ਰੀਮਤੀ ਆਰੂਸ਼ੀ ਵਰਮਾ ਨੇ ਜਾਰੀ ਪ੍ਰੈਸ ਬਿਆਨ ਵਿਚ ਡਾਕਟਰੀ ਸਿੱਖਿਆ ਤੇ ਖੋਜ ਮੰਤਰੀ ਸ੍ਰੀ ਓ ਪੀ ਸੋਨੀ ਵੱਲੋਂ ਸੂਬੇ ਦੇ ਮੈਡੀਕਲ ਕਾਲਜਾਂ ਤੇ ਹਸਪਤਾਲਾਂ ਵਿਚ ਮਰੀਜਾਂ ਲਈ ਕੀਤੇ ਜਾ ਗਏ ਪ੍ਰਬੰਧਾਂ ਲਈ ਧੰਨਵਾਦ ਕਰਦੇ ਕਿਹਾ ਕਿ ਸਿਹਤ ਵਰਗੇ ਅਹਿਮ ਮੁੱਦੇ ਉਤੇ ਸ੍ਰੀ ਸੋਨੀ ਵੱਲੋਂ ਲਗਾਤਾਰ ਮੈਡੀਕਲ ਕਾਲਜਾਂ ਦੀਆਂ ਜ਼ਰੂਰਤਾਂ ਪੂਰੀਆਂ ਕਰਨ ਲਈ ਕੰਮ ਕੀਤਾ ਜਾ ਰਿਹਾ ਹੈ। ਮੈਡੀਕਲ ਕਾਲਜਾਂ ਵਿਚ ਡਾਕਟਰਾਂ ਅਤੇ ਹੋਰ ਅਮਲੇ ਦੀ ਸੁਰੱਖਿਆ ਦੇ ਨਾਲ-ਨਾਲ ਮਰੀਜਾਂ ਦਾ ਸਫਲ ਇਲਾਜ ਹੋ ਰਿਹਾ ਹੈ, ਜੋ ਕਿ ਕੋਵਿਡ 19 ਦੇ ਸੰਕਟ ਵਿਚ ਰਾਹਤ ਵਾਲੀ ਗੱਲ ਹੈ।

ਉਨਾਂ ਕਿਹਾ ਕਿ ਸ੍ਰੀ ਸੋਨੀ ਵੱਲੋਂ ਅੰਮ੍ਰਿਤਸਰ ਵਿਚ ਲੋੜਵੰਦ ਲੋਕਾਂ ਦੀ ਸਹੂਲਤ ਲਈ ਆਪਣੇ ਦਰਵਾਜੇ ਖੁੱਲੇ ਹੋਣ ਦਾ ਸੱਦਾ ਦੇਣਾ ਹੀ ਆਮ ਲੋਕਾਂ ਦਾ ਹੌਸਲਾ ਵਧਾ ਦਿੰਦੇ ਹੈ। ਉਨਾਂ ਕਿਹਾ ਕਿ ਜਿਸ ਤਰਾਂ ਸ੍ਰੀ ਸੋਨੀ ਲੋੜਵੰਦ ਲੋਕਾਂ ਦੀ ਮਦਦ ਲਈ ਕੰਮ ਕਰ ਰਹੇ ਹਨ, ਉਸ ਨਾਲ ਸਮਾਜ ਸੇਵੀ ਸੰਸਥਾਵਾਂ ਤੇ ਦਾਨੀ ਪੁਰਸ਼ਾਂ ਨੂੰ ਵੀ ਬਲ ਮਿਲਿਆ ਹੈ। ਸ੍ਰੀਮਤੀ ਵਰਮਾ ਨੇ ਕਿਹਾ ਕਿ ਉਹ ਵੀ ਇਸ ਮੌਕੇ ਆਪਣੀ ਸੰਸਥਾ ਵੱਲੋਂ ਸ੍ਰੀ ਸੋਨੀ ਨੂੰ ਹਰ ਤਰਾਂ ਨਾਲ ਸਹਿਯੋਗ ਦੇਣ ਦਾ ਭਰੋਸਾ ਦਿੰਦੇ ਹਾਂ ਅਤੇ ਆਸ ਕਰਦੇ ਹਾਂ ਕਿ ਸਰਕਾਰ ਦੀਆਂ ਕੋਸ਼ਿਸ਼ਾਂ ਸਦਕਾ ਛੇਤੀ ਹੀ ਸੰਕਟ ਦੇ ਇਹ ਦਿਨ ਮੁੱਕ ਜਾਣਗੇ।

=========

District Public Relations Officer, Amritsar

**FICCI FLO thanks O.P.Soni for taking every possible step to keep all medical facilities working in an effective manner**

Amritsar, April 19, FICCI FLO, a division of the Federation of Chamber of Commerce and Industries (FICCI) working as a national level organization for Women Entrepreneurs, today said that the Punjab Government was doing strenuous efforts to provide essential goods to the needy people besides maintaining lockdown in an effective manner to curb the COVID-19 pandemic in Punjab.

President of the FICCI FLO Mrs. Arushi Verma in a press statement here thanked Cabinet Minister for Medical Education and Research Mr, O.P.Soni for leading the fight against Covid-19 crisis and making sure that the medical staff is well-looked after in the state. ``Besides reassuring the availability of all necessary equipment, PPE kits and face masks, Medical Education and Research Minister was taking every possible step to keep all medical facilities working in an effective manner, said Mrs. Verma adding that the FLO organization wants to thank him for making sure that all patients are taken good care of at the medical colleges and hospitals in Punjab and for heading the Covid Committee in an efficient manner.

FLO President also said that while making strenuous efforts for ensuring to provide essential items to the needy and economically weaker sections Mr. Soni was also encouraging the Social welfare organizations to help such sections of society. Mrs. Verma also assured Mr. Soni to provide full cooperation by the organization to the state government for its fight against pandemic.

=======

ਦਫ਼ਤਰ ਜ਼ਿਲਾ ਲੋਕ ਸੰਪਰਕ ਅਫ਼ਸਰ, ਅੰਮ੍ਰਿਤਸਰ

**ਸੋਨੀ ਵੱਲੋਂ ਮਨੁੱਖਤਾ ਦੀ ਸੇਵਾ ਵਿਚ ਲੱਗੀਆਂ ਜਥੇਬੰਦੀਆਂ ਦਾ ਧੰਨਵਾਦ**

ਅੰਮ੍ਰਿਤਸਰ, 19 ਅਪ੍ਰੈਲ ( )-

ਕੋਵਿਡ 19 ਦੇ ਚੱਲਦੇ ਪੰਜਾਬ ਸਰਕਾਰ ਵੱਲੋਂ ਲਗਾਏ ਗਏ ਕਰਫਿਊ ਦੌਰਾਨ ਮਾਨਵਤਾ ਦੇ ਭਲੇ ਲਈ ਕੰਮ ਕਰ ਰਹੀਆਂ ਸੰਸਥਾਵਾਂ ਦਾ ਡਾਕਟਰੀ ਸਿੱਖਿਆ ਤੇ ਖੋਜ ਮੰਤਰੀ ਸ੍ਰੀ ਓ. ਪੀ. ਸੋਨੀ ਨੇ ਧੰਨਵਾਦ ਕੀਤਾ ਹੈ। ਉਨਾਂ ਕਿਹਾ ਕਿ ਸਰਕਾਰ ਦੇ ਨਾਲ-ਨਾਲ ਇਹ ਸੰਸਥਾਵਾਂ ਲੋੜਵੰਦਾਂ ਤੱਕ ਸੁੱਕਾ ਰਾਸ਼ਨ, ਦਵਾਈਆਂ, ਲੰਗਰ ਆਦਿ ਮੁਹੱਇਆ ਕਰਵਾਉਣ ਦੇ ਨਾਲ-ਨਾਲ ਇਹ ਸੰਸਥਾਵਾਂ ਡਾਕਟਰਾਂ, ਪੈਰਾ ਮੈਡਕੀਲ ਸਟਾਫ ਅਤੇ ਪੁਲਿਸ ਕਰਮੀਆਂ, ਜੋ ਕਿ ਕੋਰੋਨਾ ਵਿਰੁੱਧ ਜੰਗ ਲੜ ਰਹੇ ਹਨ ਨੂੰ ਮਾਸਕ, ਪੀ ਪੀ ਈ ਕਿੱਟਾਂ ਤੇ ਹੋਰ ਸਾਜ਼ੋ ਸਮਾਨ ਵੀ ਦੇ ਰਹੇ ਹਨ। ਉਨਾਂ ਕਿਹਾ ਕਿ ਇਸ ਨਾਲ ਉਨਾਂ ਮੁਲਾਜ਼ਮਾਂ ਦੇ ਨਾਲ-ਨਾਲ ਸਾਡਾ ਹੌਸਲਾ ਵੀ ਵਧਿਆ ਹੈ ਕਿ ਸੰਕਟ ਨੂੰ ਨਿਜੱਠਣ ਵਿਚ ਸਾਨੂੰ ਵੱਡੀ ਮਦਦ ਵੀ ਮਿਲੀ ਹੈ। ਉਨਾਂ ਦੱਸਿਆ ਕਿ ਸਰਬਤ ਦਾ ਭਲਾ ਸੰਸਥਾ ਵੱਲੋਂ ਡਾ. ਐਸ ਪੀ ਸਿੰਘ ਓਬਰਾਏ ਨੇ ਅੰਮ੍ਰਿਤਸਰ ਤੋਂ ਇਲਾਵਾ ਬਾਬਾ ਫਰੀਦ ਯੂਨੀਵਰਸਿਟੀ ਆਫ਼ ਹੈਲਥ ਸਾਇੰਸਜ ਫ਼ਰੀਦਕੋਟ, ਰਾਜਿੰਦਰਾ ਹਸਪਤਾਲ ਪਟਿਆਲਾ ਅਤੇ ਪੀ.ਜੀ.ਆਈ. ਨੂੰ ਇੱਕ-ਇੱਕ ਹਜ਼ਾਰ ਪੀ.ਪੀ.ਈ. ਕਿੱਟਾਂ ਤੇ ਐੱਨ-95 ਮਾਸਕ ਅਤੇ ਹਜ਼ਾਰਾਂ ਦੀ ਗਿਣਤੀ 'ਚ ਤਿੰਨ ਪਰਤੀ ਮਾਸਕ ਦੇਣ ਦੇ ਨਾਲ-ਨਾਲ ਪੰਜਾਬ ਦੇ ਹਰ ਜ਼ਿਲੇ ਦੇ ਪ੍ਰਸ਼ਾਸ਼ਨ ਨੂੰ ਵੀ ਹਸਪਤਾਲਾਂ ਲਈ ਲੋੜੀਂਦਾ ਸਾਮਾਨ ਵੀ ਲਗਾਤਾਰ ਭੇਜਿਆ ਜਾ ਰਿਹਾ ਹੈ। ਇਸ ਤੋਂ ਇਲਾਵਾ ਕਈ ਹਸਪਤਾਲਾਂ ਨੂੰ ਇਨਾਂ ਵੱਲੋਂ ਵੈਂਟੀਲੇਟਰ ਦਿੱਤੇ ਜਾ ਚੁੱਕੇ ਹਨ। ਸ੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਰਾਧਾ ਸੁਆਮੀ ਸਤਿਸੰਗ ਬਿਆਸ ਅਤੇ ਹੋਰ ਸੰਸਥਾਵਾਂ ਵੀ ਵੱਡੇ ਪੱਧਰ ਉਤੇ ਮਨੁੱਖਤਾ ਦੀ ਭਲਾਈ ਲਈ ਡਟੀਆਂ ਹਨ, ਜੋ ਕਿ ਵਿਸ਼ਵ ਭਰ ਲਈ ਮਾਰਗ ਦਰਸ਼ਕ ਦਾ ਕੰਮ ਕਰ ਰਹੀਆਂ ਹਨ।

ਕੈਪਸ਼ਨ-ਸਰਬਤ ਦਾ ਭਲਾ ਟਰੱਸਟ ਵੱਲੋਂ ਦਿੱਤੇ ਗਏ ਸਮਾਨ ਨੂੰ ਪ੍ਰਾਪਤ ਕਰਨ ਮੌਕੇ ਸ੍ਰੀ ਓ. ਪੀ. ਸੋਨੀ।

==========

ਦਫ਼ਤਰ ਜ਼ਿਲਾ ਲੋਕ ਸੰਪਰਕ ਅਫ਼ਸਰ, ਅੰਮ੍ਰਿਤਸਰ

**ਕਣਕ ਸਾਂਭਣ ਲਈ ਦਿੱਤੀਆਂ ਛੋਟਾਂ ਤੋਂ ਗਲਤ ਅੰਦਾਜ਼ਾ ਨਾ ਲਗਾਉ-ਸੋਨੀ**

**ਬਾਹਰਲੀਆਂ ਵਾਰਡਾਂ ਲਈ ਰਾਸ਼ਨ ਦੇ ਪੰਜ ਟਰੱਕ ਭੇਜੇ**

ਅੰਮ੍ਰਿਤਸਰ, 19 ਅਪ੍ਰੈਲ (            )-

ਡਾਕਟਰੀ ਸਿੱਖਿਆ ਅਤੇ ਖੋਜ ਮੰਤਰੀ ਸ੍ਰੀ ਓ ਪੀ ਸੋਨੀ ਨੇ ਕੋਵਿਡ 19 ਦੇ ਚੱਲਦੇ ਰਾਜ ਦੀ ਜਨਤਾ ਨੂੰ ਵਾਇਰਸ ਤੋਂ ਬਚਾਉਣ ਲਈ ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਵੱਲੋਂ ਲਗਾਏ ਗਏ ਕਰਫਿਊ ਵਿਚ ਜਿਲਾ ਵਾਸੀਆਂ ਵੱਲੋਂ ਦਿੱਤੇ ਜਾ ਰਹੇ ਸਹਿਯੋਗ ਲਈ ਧੰਨਵਾਦ ਕਰਦੇ ਅਪੀਲ ਕੀਤੀ ਕਿ ਵਾਇਰਸ ਨੂੰ ਘਰ ਆਉਣ ਤੋਂ ਰੋਕਣ ਲਈ ਆਪਣੇ ਘਰਾਂ ਦੇ ਅੰਦਰ ਰਹੋ। ਉਨਾਂ ਕਿਹਾ ਕਿ ਸਰਕਾਰ ਨੇ ਨਿਤ ਵਰਤੋਂ ਦੀਆਂ ਲੋੜਾਂ ਪੂਰੀਆਂ ਕਰਨ ਅਤੇ ਕਿਸਾਨਾਂ ਨੂੰ ਕਣਕ ਸਾਂਭਣ ਲਈ ਜੋ ਛੋਟਾਂ ਦਿੱਤੀਆਂ ਹਨ, ਉਸ ਤੋਂ ਇਹ ਅੰਦਾਜ਼ਾ ਨਾ ਲਗਾਉ ਕਿ ਸੰਕਟ ਟਲ ਗਿਆ ਹੈ। ਉਨਾਂ ਕਿਹਾ ਕਿ ਕੋਰੋਨਾ ਵਿਰੁੱਧ ਜੰਗ ਤੁਹਾਡੇ ਸਹਿਯੋਗ ਨਾਲ ਹੀ ਜਿੱਤੀ ਜਾ ਸਕਦੀ ਹੈ ਅਤੇ ਇਸ ਵਿਚ ਹੀ ਤੁਹਾਡੀ ਸੁਰੱਖਿਆ ਹੈ, ਸੋ ਸਾਰੇ ਲੋਕ ਬਿਨਾਂ ਵਜਾ ਘਰਾਂ ਵਿਚ ਨਾ ਨਿਕਲਣ। ਉਨਾਂ ਕਿਹਾ ਕਿ ਵਾਹਿਗੁਰੂ ਦਾ ਸ਼ੁਕਰ ਹੈ ਕਿ ਬੀਤਿਆ ਹਫ਼ਤਾ ਸ਼ਹਿਰ ਲਈ ਚੰਗਾ ਨਿਕਲਿਆ ਹੈ ਅਤੇ ਆਸ ਹੈ ਕਿ ਅੱਗੇ ਵੀ ਚੰਗੇ ਦਿਨ ਆਉਣਗੇ, ਪਰ ਇਹ ਸਾਰਾ ਕੁੱਝ ਤੁਹਾਡੇ ਸਾਥ ਨਾਲ ਹੀ ਹੋਣਾ ਹੈ। ਉਨਾਂ ਕਿਹਾ ਕਿ ਸਰਕਾਰ ਲੋੜਵੰਦ ਲੋਕਾਂ ਤੱਕ ਰਾਸ਼ਨ ਪਹੁੰਚਾਉਣ ਵਿਚ ਲਗਾਤਾਰ ਲੱਗੀ ਹੋਈ ਹੈ ਅਤੇ ਇਸ ਕੰਮ ਲਈ ਸਰਕਾਰੀ ਅਧਿਕਾਰੀ ਤੇ ਕਰਮਚਾਰੀ ਦਿਨ-ਰਾਤ ਕੰਮ ਕਰ ਰਹੇ ਹਨ, ਜੋ ਕਿ ਵਧਾਈ ਦੇ ਪਾਤਰ ਹਨ।

ਅੱਜ ਵੀ ਸ੍ਰੀ ਓ ਪੀ ਸੋਨੀ ਨੇ ਬਾਹਰਲੀਆਂ ਵਾਰਡਾਂ 68, 69, 70, 54, 55, 57 ਲਈ ਪੰਜਾਬ ਸਰਕਾਰ ਦੀ ਤਰਫ਼ੋ ਆਏ ਰਾਸ਼ਨ ਦੇ ਪੰਜ ਟਰੱਕਾਂ ਨੂੰ ਰਵਾਨਾ ਕੀਤਾ ਅਤੇ ਕਰਮਚਾਰੀਆਂ ਨੂੰ ਹਦਾਇਤ ਕੀਤੀ ਕਿ ਕੋਈ ਵੀ ਲੋੜਵੰਦ ਪਰਿਵਾਰ ਰੋਟੀ ਤੋਂ ਭੁੱਖਾ ਨਾ ਰਹੇ। ਉਨਾਂ ਕਿਹਾ ਕਿ ਸਰਕਾਰ ਹਰੇਕ ਲੋੜਵੰਦ ਦੇ ਘਰ ਤੱਕ ਪਹੁੰਚ ਕਰ ਰਹੀ ਹੈ ਅਤੇ ਇਹ ਸਪਲਾਈ ਇਸੇ ਤਰਾਂ ਜਾਰੀ ਰਹੇਗੀ। ਇਸ ਮੌਕੇ ਸ੍ਰੀ ਵਿਕਾਸ ਸੋਨੀ, ਸ੍ਰੀ ਰਾਘਵ ਸੋਨੀ, ਸ੍ਰੀ ਸ਼ਾਮ ਸੋਨੀ, ਸ੍ਰੀ ਪਰਮਜੀਤ ਸਿੰਘ ਚੋਪੜਾ, ਸ੍ਰੀ ਸੁਰਿੰਦਰ ਕੁਮਾਰ ਸ਼ਿੰਦਾ, ਸ੍ਰੀ ਤਾਹਿਰ ਸ਼ਾਹ, ਸ੍ਰੀ ਵਿਕਾਸ ਮਿਸ਼ਰਾ ਅਤੇ ਸ੍ਰੀ ਸਰਬਜੀਤ ਸਿੰਘ ਲਾਟੀ ਵੀ ਹਾਜ਼ਰ ਸਨ।

ਕੈਪਸ਼ਨ

ਬਾਹਰਲੀਆਂ ਵਾਰਡਾਂ ਲਈ ਰਾਸ਼ਨ ਦੇ 5 ਟਰੱਕ ਰਵਾਨਾ ਕਰਦੇ ਹੋਏ ਡਾਕਟਰੀ ਸਿੱਖਿਆ ਤੇ ਖੋਜ ਮੰਤਰੀ ਸ੍ਰੀ ਓ ਪੀ ਸੋਨੀ।

========

ਦਫ਼ਤਰ ਜ਼ਿਲਾ ਲੋਕ ਸੰਪਰਕ ਅਫ਼ਸਰ, ਅੰਮ੍ਰਿਤਸਰ

**ਪੰਜਾਬ ਸਰਕਾਰ ਵੱਲੋਂ ਲੋਹੀਆਂ ਵਿਖੇ ਬਣ ਰਹੀ ਆਈ ਟੀ ਆਈ ਦਾ ਨਾਮ ਭਾਈ ਨਿਰਮਲ ਸਿੰਘ ਖਾਲਸਾ ਦੇ ਨਾਮ ਉਤੇ ਰੱਖਣ ਦਾ ਫੈਸਲਾ**

**-ਮੁੱਖ ਮੰਤਰੀ ਨੇ ਭੋਗ ਮੌਕੇ ਆਪਣਾ ਸ਼ੋਕ ਸੰਦੇਸ਼ ਭੇਜ ਕੇ ਕੀਤਾ ਦੁੱਖ ਦਾ ਇਜ਼ਹਾਰ**

ਅੰਮ੍ਰਿਤਸਰ, 19 ਅਪ੍ਰੈਲ (            )-

ਸ੍ਰੀ ਦਰਬਾਰ ਸਾਹਿਬ ਦੇ ਸਾਬਕਾ ਹਜ਼ੂਰੀ ਰਾਗੀ ਪਦਮ ਸ੍ਰੀ ਭਾਈ ਨਿਰਮਲ ਸਿੰਘ ਖਾਲਸਾ ਦੀ ਬੇਵਕਤੀ ਮੌਤ ਉਤੇ ਦੁੱਖ ਦਾ ਪ੍ਰਗਟਾਵਾ ਕਰਦੇ ਹੋਏ ਉਨਾਂ ਦੇ ਭੋਗ ਮੌਕੇ ਮੁੱਖ ਮੰਤਰੀ ਪੰਜਾਬ ਕੈਪਟਨ ਅਮਰਿੰਦਰ ਸਿੰਘ ਵੱਲੋਂ ਭੇਜੇ ਸ਼ੋਕ ਸੰਦੇਸ਼ ਵਿਚ ਲਿਖਿਆ ਗਿਆ ਹੈ ਕਿ ਸਰਕਾਰ ਨੇ ਲੋਹੀਆਂ (ਸ਼ਾਹਕੋਟ), ਜਿਥੇ ਕਿ ਭਾਈ ਸਾਹਿਬ ਦਾ ਪਿੰਡ ਹੈ, ਵਿਖੇ ਬਣ ਰਹੀ ਨਵੀਂ ਉਦਯੋਗਿਕ ਸਿਖਲਾਈ ਸੰਸਥਾ (ਆਈ ਟੀ ਆਈ) ਦਾ ਨਾਮ ਭਾਈ ਨਿਰਮਲ ਸਿੰਘ ਖਾਲਸਾ ਦੀ ਯਾਦ ਨੂੰ ਸਦੀਵੀ ਬਣਾਈ ਰੱਖਣ ਲਈ ਉਨਾਂ ਦੇ ਨਾਮ ਉਤੇ ਰੱਖਣ ਦਾ ਫੈਸਲਾ ਕੀਤਾ ਹੈ। ਅੱਜ ਗੁਰਦੁਆਰਾ ਬਿਬੇਕਸਰ ਸਾਹਿਬ ਵਿਖੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਭਾਈ ਖਾਲਸਾ ਨਮਿਤ ਰਖਵਾਏ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਮੌਕੇ ਮੁੱਖ ਮੰਤਰੀ ਪੰਜਾਬ ਦਾ ਸ਼ੋਕ ਸੰਦੇਸ਼ ਲੈ ਕੇ ਪੁੱਜੇ ਐਸ ਡੀ ਐਮ ਅੰਮ੍ਰਿਤਸਰ ਇਕ ਸ੍ਰੀ ਵਿਕਾਸ ਹੀਰਾ ਅਤੇ ਕਾਂਗਰਸ ਦੇ ਜਿਲਾ ਅੰਮ੍ਰਿਤਸਰ ਦਿਹਾਤੀ ਤੋਂ ਪ੍ਰਧਾਨ ਸ. ਭਗਵੰਤਪਾਲ ਸਿੰਘ ਸੱਚਰ ਨੇ ਇਹ ਸ਼ੋਕ ਸੰਦੇਸ਼ ਉਨਾਂ ਦੇ ਪਰਿਵਾਰ ਨੂੰ ਦਿੱਤਾ।

ਮੁੱਖ ਮੰਤਰੀ ਨੇ ਆਪਣੇ ਸੰਦੇਸ਼ ਵਿਚ ਲਿਖਿਆ ਕਿ ਸ੍ਰੀ ਗੁਰੂ ਰਾਮਦਾਸ ਜੀ ਦੇ ਦਰ ਨੇ ਅਨਿਨ ਸੇਵਕ, ਬਚਪਨ ਤੋਂ ਹੀ ਗੁਰਮਿਤ ਸੰਗੀਤ ਨੂੰ ਪ੍ਰਣਾਏ ਅਤੇ ਗੁਰਮਿਤ ਦੇ ਸਾਰੇ ਰਾਗਾਂ ਵਿਚ ਪ੍ਰਪੱਕ ਪਦਮ ਸ੍ਰੀ ਭਾਈ ਨਿਰਮਲ ਸਿੰਘ ਖਾਲਸਾ ਜੀ ਦੇ ਬੇਵਕਤੀ ਅਕਾਲ ਚਲਾਣਾ ਕਰ ਜਾਣ ਨਾਲ ਮੈਨੂੰ ਡੂੰਘਾ ਦੁੱਖ ਹੋਇਆ ਹੈ। ਭਾਈ ਸਾਹਿਬ ਦਾ ਵਿਛੋੜਾ ਉਨਾਂ ਦੇ ਸਕੇ ਸਬੰਧੀਆਂ, ਪੰਜਾਬ ਤੇ ਦੇਸ਼-ਵਿਦੇਸ਼ ਵਸਦੇ ਉਨਾਂ ਦੇ ਹਜ਼ਾਰਾਂ ਪ੍ਰਸੰਸਕਾਂ ਲਈ ਇਕ ਵੱਡਾ ਘਾਟਾ ਹੈ ਅਤੇ ਮੈਂ ਉਨਾਂ ਸਾਰਿਆਂ ਨਾਲ ਹਮਦਰਦੀ ਪ੍ਰਗਟ ਕਰਦਾ ਹਾਂ। ਮੈਂ ਭਾਈ ਸਾਹਿਬ ਜੀ ਦੀ ਆਤਮਿਕ ਸਾਂਤੀ ਵਾਸਤੇ ਅਤੇ ਉਨਾਂ ਦੇ ਪਰਿਵਾਰ ਨੂੰ ਇਹ ਭਾਣਾ ਮੰਨਣ ਦਾ ਬਲ ਬਖਸ਼ਣ ਲਈ ਅਕਾਲ ਪੁਰਖ ਅੱਗੇ ਅਰਦਾਸ ਕਰਦਾ ਹਾਂ।

ਸ਼ੋਕ ਸੰਦੇਸ਼ ਵਿਚ ਲਿਖਿਆ ਹੈ ਕਿ ਭਾਈ ਨਿਰਮਲ ਸਿੰਘ ਖਾਲਸਾ ਜੀ ਦੀ ਯਾਦ ਨੂੰ ਸਦੀਵੀ ਬਣਾਈ ਰੱਖਣ ਲਈ ਪੰਜਾਬ ਸਰਕਾਰ ਨੇ ਲੋਹੀਆਂ (ਸ਼ਾਹਕੋਟ) ਵਿਖੇ ਨਵੀਂ ਬਣਨ ਜਾ ਰਹੀ ਉਦਯੋਗਿਕ ਸਿਖਲਾਈ ਸੰਸਥਾ ਉਨਾਂ ਦੇ ਨਾਉਂ ਉਤੇ ਸਮਰਪਿਤ ਕਰਨ ਦਾ ਫੈਸਲਾ ਕੀਤਾ ਗਿਆ ਹੈ।

ਕੈਪਸ਼ਨ

ਭਾਈ ਨਿਰਮਲ ਸਿੰਘ ਖਾਲਸਾ ਦੇ ਸਪੁੱਤਰ ਭਾਈ ਅਮਿਤੇਸ਼ਵਰ ਸਿੰਘ ਨੂੰ ਸ਼ੋਕ ਸੰਦੇਸ਼ ਅਤੇ ਸਿਰੋਪਾਉ ਭੇਟ ਕਰਦੇ ਐਸ ਡੀ ਐਮ ਸ੍ਰੀ ਵਿਕਾਸ ਹੀਰਾ ਅਤੇ ਸ. ਭਗਵੰਤਪਾਲ ਸਿੰਘ ਸੱਚਰ।

==========